Tape/CD: 1309

# ਪੰਨਾ ੩੮੯-੩੯੦

ਆਸਾ ਮਹਲਾ ੫ ॥ ਮਨੁ ਤ੍ਰਿਪਤਾਨੋ ਮਿਟੇ ਜੰਜਾਲ ॥ ਪ੍ਰਭੁ ਅਪੁਨਾ ਹੋਇਆ ਕਿਰਪਾਲ ॥ ੧ ॥ ਸੰਤ ਪ੍ਰਸਾਦਿ ਭਲੀ ਬਨੀ ॥ ਜਾ ਕੈ ਗ੍ਰਿਹ ਸਭੁ ਕਿਛੁ ਹੈ ਪੂਰਨੁ ਸੋ ਭੇਟਿਆ ਨਿਰਭੈ ਧਨੀ ॥ ੧ ॥ ਰਹਾਉ ॥ ਨਾਮੁ ਦ੍ਰਿੜਾਇਆ ਸਾਧ ਕ੍ਰਿਪਾਲ ॥ ਮਿਟਿ ਗਈ ਭੂਖ ਮਹਾ ਬਿਕਰਾਲ ॥ ੨ ॥ ਠਾਕੁਰਿ ਅਪੁਨੈ ਕੀਨੀ ਦਾਤਿ ॥ ਜਲਨਿ ਬੁਝੀ ਮਨਿ ਹੋਈ ਸਾਂਤਿ ॥ ੩ ॥ ਮਿਟਿ ਗਈ ਭਾਲ ਮਨੁ ਸਹਜਿ ਸਮਾਨਾ ॥ ਨਾਨਕ ਪਾਇਆ ਨਾਮ ਖਜਾਨਾ ॥ ੪ ॥ ੨੭ ॥ ੭੮ ॥

Tape/CD: 1309

# ਪੰਨਾ ੩੧੯

ਸਲੋਕ ਮਃ ੫ ॥ ਹਰਿ ਹਰਿ ਨਾਮੁ ਜੋ ਜਨੁ ਜਪੈ
ਸੋ ਆਇਆ ਪਰਵਾਣੁ ॥ ਤਿਸੁ ਜਨ ਕੈ
ਬਲਿਹਾਰਣੈ ਜਿਨਿ ਭਜਿਆ ਪ੍ਰਭੁ ਨਿਰਬਾਣੁ ॥
ਜਨਮ ਮਰਨ ਦੁਖੁ ਕਟਿਆ ਹਰਿ ਭੇਟਿਆ ਪੁਰਖੁ
ਸੁਜਾਣੁ ॥ ਸੰਤ ਸੰਗਿ ਸਾਗਰੁ ਤਰੇ ਜਨ ਨਾਨਕ
ਸਚਾ ਤਾਣੁ ॥ ੧ ॥

ਪੰਨਾ ੨੩੯

ਗਉੜੀ ਮਹਲਾ ੫ ॥ ਗੁਰ ਕੈ ਬਚਨਿ ਮੋਹਿ ਪਰਮ ਗਤਿ ਪਾਈ ॥ ਗੁਰਿ ਪੂਰੈ ਮੇਰੀ ਪੈਜ ਰਖਾਈ ॥ ੧ ॥ ਗੁਰ ਕੈ ਬਚਨਿ ਧਿਆਇਓ ਮੋਹਿ ਨਾਉ ॥ ਗੁਰ ਪਰਸਾਦਿ ਮੋਹਿ ਮਿਲਿਆ ਥਾਉ ॥ ੧ ॥ ਰਹਾਉ ॥ ਗੁਰ ਕੈ ਬਚਨਿ ਸੁਣਿ ਰਸਨ ਵਖਾਣੀ ॥ ਗੁਰ ਕਿਰਪਾ ਤੇ ਅੰਮ੍ਰਿਤ ਮੇਰੀ ਬਾਣੀ ॥ ੨ ॥ ਗੁਰ ਕੈ ਬਚਨਿ ਮਿਟਿਆ ਮੇਰਾ ਆਪੁ ॥ ਗੁਰ ਕੀ ਦਇਆ ਤੇ ਮੇਰਾ ਵਡ ਪਰਤਾਪੁ ॥ ੩ ॥ ਗੁਰ ਕੈ ਬਚਨਿ ਮਿਟਿਆ ਮੇਰਾ ਭਰਮੁ ॥ ਗੁਰ ਕੈ ਬਚਨਿ ਪੇਖਿਓ ਸਭੁ ਬ੍ਰਹਮੁ ॥ ੪ ॥ ਗੁਰ ਕੈ ਬਚਨਿ ਕੀਨੋ ਰਾਜੁ ਜੋਗੁ ॥ ਗੁਰ ਕੈ ਸੰਗਿ ਤਰਿਆ ਸਭੁ ਲੋਗੁ ॥ ੫ ॥ ਗੁਰ ਕੈ ਬਚਨਿ ਮੇਰੇ ਕਾਰਜ ਸਿਧਿ ॥ ਗੁਰ ਕੈ ਬਚਨਿ ਪਾਇਆ ਨਾਉ ਨਿਧਿ ॥ ੬ ॥ ਜਿਨਿ ਜਿਨਿ ਕੀਨੀ ਮੇਰੇ ਗੁਰ ਕੀ ਆਸਾ ॥ ਤਿਸ ਕੀ ਕਟੀਐ ਜਮ ਕੀ ਫਾਸਾ ॥ ੭ ॥ ਗੁਰ ਕੈ ਬਚਨਿ ਜਾਗਿਆ ਮੇਰਾ ਕਰਮੁ ॥ ਨਾਨਕ ਗੁਰੁ ਭੇਟਿਆ ਪਾਰਬ੍ਰਹਮੁ ॥ ੮ ॥ ੮ ॥